# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਸ੍ਰ ਹਰਜਿੰਦਰ ਸਿੰਘ ਏ.ਐੱਸ. ਆਈ ਤੋ ਬਣੇ ਸਬ ਇੰਸਪੈਕਟਰ ਮਿਲੀਆ ਮੁਬਾਰਕਾਂ।

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ



ਫ਼ਰੀਦਕੋਟ 16 ਫਰਵਰੀ : ਅੱਜ ਪੰਜਾਬ ਪੁਲਿਸ ਫਿਰੋਜ਼ਪੁਰ ਵਿੱਚ ਤੈਨਾਤ ਸ੍ਰ ਹਰਜਿੰਦਰ ਸਿੰਘ ਪੁੱਤਰ ਸ੍ਰ ਮਹਿਲ ਸਿੰਘ ਜੋ ਕਿ ਪੰਜਾਬ ਪੁਲਿਸ ਵਿੱਚ ਇੱਕ ਏ.ਐੱਸ. ਆਈ ਵਜੋ ਆਪਣੀ ਡਿਊਟੀ ਬੜੀ ਤਨਦੇਹੀ ਨਾਲ ਨਿਭਾ ਰਹੇ ਸੀ। ਅੱਜ ਓਨਾਂ ਦੀ ਸੇਵਾਵਾਂ ਨੂੰ ਦੇਖਦੇ ਹੋਏ , ਪੰਜਾਬ ਸਰਕਾਰ ਦੀ ਹਦਾਇਤ ਮੁਤਾਬਕ ਓਨਾ ਨੂੰ ਪਦਉਨਤ ਕੀਤਾ ਗਿਆ । ਓਨਾਂ ਦੇ ਫਿਰੋਜ਼ਪੁਰ ਦੇ ਐਸ.ਐਸ.ਪੀ ਸ੍ਰੀ ਭੁਪਿੰਦਰ ਸਿੰਘ ਸਿੱਧੂ ਵੱਲੋ ਮੋਢਿਆਂ ਤੇ ਸਟਾਰ ਲਾ ਕੇ ਸਬ ਇੰਸਪੈਕਟਰ ਬਣਾ ਮੁਬਾਰਕਬਾਦ ਦਿੱਤੀ ਗਈ ਅਤੇ ਆਪਣੀ ਬਣਦੀ ਡਿਊਟੀ ਨੂੰ ਪਹਿਲਾ ਵਾਂਗ ਮਿਹਨਤ ਲਗਨ ਤੇ ਈਮਾਨਦਾਰੀ ਨਾਲ ਨਿਭਾਉਣ ਦਾ ਸੰਦੇਸ਼ ਦਿੱਤਾ।

ਇਥੇ ਇਹ ਦੱਸਣਾ ਜਰੂਰੀ ਹੈ ਕਿ ਸ੍ਰ ਹਰਜਿੰਦਰ ਸਿੰਘ ਸਬ ਇੰਸਪੈਕਟਰ 2006 ਵਿੱਚ ਸਾਬਕਾ ਉਪ ਮੁੱਖ ਮੰਤਰੀ ਤੇ ਸ੍ਰੋਮਣੀ ਅਕਾਲੀ ਦਲ ਦੇ ਪੰਜਾਬ ਪ੍ਰਧਾਨ ਸ੍ਰ ਸੁਖਬੀਰ ਸਿੰਘ ਬਾਦਲ ਜੀ ਦੀ ਸੁਰੱਖਿਆ ਵਿਚ ਤੈਨਾਤ ਰਹੇ। ਅੱਜ ਓਨਾ ਨੂੰ ਚਾਹੁਣ ਵਾਲਿਆ ਦੋਸਤਾਂ ਮਿੱਤਰਾਂ ਤੇ ਰਿਸ਼ਤੇਦਾਰਾਂ ਵੱਲੋ ਮੁਬਾਰਕਬਾਦ ਦੇ ਸੁਨੇਹੇ ਆ ਰਹੇ ਹਨ। ਸਭ ਆਪਣੀ ਆਪਣੀ ਖੁਸੀ ਜਾਹਿਰ ਕਰ ਰਹੇ ਹਨ।

## ਮਿਲੇਨੀਅਮ ਸਕੂਲ ਵੱਲੋਂ ਬੱਚਿਆਂ ਨੂੰ ਸਿੱਖਿਆ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਗਤੀਵਿਧੀ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 16 ਫਰਵਰੀ : ਕੋਟਕਪੂਰਾ ਨੇੜਲੇ ਪਿੰਡ ਪੰਜਗਰਾਈ ਨੇੜੇ ਸਥਿੱਤ ਇੰਟਰਨੈਸ਼ਨਲ ਮਿਲੇਨੀਅਮ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਵਾਸੂ ਸ਼ਰਮਾ, ਡਾਇਰੈਕਟਰ ਮੈਡਮ ਸੀਮਾ ਸ਼ਰਮਾ, ਚੇਅਰਪਰਸਨ ਮੈਡਮ ਰਕਸ਼ੰਦਾ ਸ਼ਰਮਾ, ਅਕਾਦਮਿਕ ਡਾਇਰੈਕਟਰ ਵਿਨੋਦ ਸ਼ਰਮਾ ਅਤੇ ਪ੍ਰਿੰਸੀਪਲ ਮੈਡਮ ਨੀਲਮ ਕੁਮਾਰੀ ਵਰਮਾ ਦੀ ਅਗਵਾਈ ਵਿੱਚ ਬੱਚਿਆਂ





ਨੂੰ ਸਿੱਖਿਆ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਇੱਕ ਗਤੀਵਿਧੀ ਦਾ ਆਯੋਜਨ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਵਾਸੂ ਸ਼ਰਮਾ, ਡਾਇਰੈਕਟਰ ਸੀਮਾ ਸ਼ਰਮਾ, ਚੇਅਰਪਰਸਨ ਰਕਸ਼ੰਦਾ ਸ਼ਰਮਾ, ਅਕਾਦਮਿਕ ਡਾਇਰੈਕਟਰ ਵਿਨੋਦ ਸ਼ਰਮਾ ਅਤੇ ਪ੍ਰਿੰਸੀਪਲ ਨੀਲਮ ਕੁਮਾਰੀ ਵਰਮਾ ਨੇ ਕਿਹਾ ਕਿ ਸਿੱਖਿਆ ਇੱਕ ਵਿਅਕਤੀ ਦੇ ਜੀਵਨ ਵਿੱਚ ਸਭ ਤੋਂ ਵੱਡੀ ਸੰਪਤੀ ਹੈ। ਇਹ ਸਾਨੂੰ ਨਾ ਸਿਰਫ਼ ਕਿਤਾਬੀ ਗਿਆਨ ਪ੍ਰਦਾਨ ਕਰਦਾ ਹੈ ਬਲਕਿ ਸਾਨੂੰ ਸਹੀ ਅਤੇ ਗਲਤ ਵਿੱਚ ਫ਼ਰਕ ਕਰਨ ਦੀ ਯੋਗਤਾ ਵੀ ਦਿੰਦਾ ਹੈ। ਸਿੱਖਿਆ ਆਤਮਵਿਸ਼ਵਾਸ, ਅਨੁਸ਼ਾਸਨ ਅਤੇ ਚੰਗੇ ਨੈਤਿਕ ਮੁੱਲ ਪੈਦਾ ਕਰਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਹੋਣ ਦੇ ਨਾਤੇ, ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਆਪਣੇ ਸਮੇਂ ਦੀ ਕਦਰ ਕਰੀਏ, ਆਪਣੇ ਅਧਿਆਪਕਾਂ ਦਾ ਸਤਿਕਾਰ ਕਰੀਏ ਅਤੇ ਆਪਣੀ ਪੜ੍ਹਾਈ ਪ੍ਰਤੀ ਮਿਹਨਤੀ ਰਹੀਏ। ਸਾਨੂੰ ਸਿਰਫ਼ ਅੰਕਾਂ ਲਈ ਨਹੀਂ, ਸਗੋਂ ਗਿਆਨ ਲਈ ਪੜ੍ਹਾਈ ਕਰਨੀ ਚਾਹੀਦੀ ਹੈ। ਸਫਲਤਾ ਸਿਰਫ਼ ਉਨ੍ਹਾਂ ਨੂੰ ਹੀ ਮਿਲਦੀ ਹੈ, ਜੋ ਸਖ਼ਤ ਮਿਹਨਤ ਕਰਦੇ ਹਨ, ਲਗਨ ਨਾਲ ਕੰਮ ਕਰਦੇ ਹਨ ਅਤੇ ਲਗਨ ਨਾਲ ਕੰਮ ਕਰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੱਜ ਤਕਨਾਲੋਜੀ ਦਾ ਯੁੱਗ ਹੈ, ਅਤੇ ਸਾਨੂੰ ਇਸਦੀ ਸਮਝਦਾਰੀ ਨਾਲ ਵਰਤੋਂ ਕਰਨੀ ਚਾਹੀਦੀ ਹੈ। ਅਸੀਂ ਇੰਟਰਨੈੱਟ ਅਤੇ ਡਿਜੀਟਲ ਸਾਧਨਾਂ ਤੋਂ ਬਹੁਤ ਕੁਝ ਸਿੱਖ ਸਕਦੇ ਹਾਂ, ਪਰ ਦੁਰਵਰਤੋਂ ਸਾਡੇ ਭਵਿੱਖ ਲਈ ਨੁਕਸਾਨਦੇਹ ਹੋ ਸਕਦੀ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਿੱਖਿਆ ਸਾਡੇ ਜੀਵਨ ਦੀ ਨੀਂਹ ਹੈ। ਜੇਕਰ ਅਸੀਂ ਅੱਜ ਸਖ਼ਤ ਮਿਹਨਤ ਕਰਦੇ ਹਾਂ, ਤਾਂ ਅਸੀਂ ਕੱਲ੍ਹ ਨੂੰ ਜ਼ਰੂਰ ਸਫਲਤਾ ਪ੍ਰਾਪਤ ਕਰਾਂਗੇ।

## ਖੂਨ ਸਾਡੇ ਸਰੀਰ ਦਾ ਇੱਕ ਮਹੱਤਵਪੂਰਨ ਅੰਗ ਹੈ।

ਵਰਲਡ ਪੰਜਾਬੀ ਟਾਈਮਜ਼ ਸੁਰਜੀਤ ਸਾਰੰਗ



ਖੂਨ ਜੀਵਨ ਦਾ ਅਮੀਰ ਸਰੋਵਰ ਹੈ। ਇਹ ਸਰੀਰ ਵਿੱਚ ਵਗਦਾ ਹੈ ਅਤੇ ਸਾਡੇ ਸਰੀਰ ਦੇ ਸਾਰੇ ਅੰਗਾਂ ਤੱਕ ਆਕਸੀਜਨ ਅਤੇ ਪੌਸ਼ਟਿਕ ਤੱਤਾਂ ਨੂੰ ਪਹੁੰਚਾਉਂਦਾ ਹੈ। ਖੂਨ ਦੀ ਕਮੀ ਨਾਲ ਸਰੀਰ ਦੇ ਕਈ ਅੰਗ ਪ੍ਰਭਾਵਿਤ ਹੁੰਦੇ ਹਨ ਅਤੇ ਸਾਡੀ ਸਿਹਤ ਉੱਤੇ ਵੀ ਇਸਦਾ ਪ੍ਰਭਾਵ ਪੈਂਦਾ ਹੈ।

ਖੂਨ ਦੀ ਮਹੱਤਤਾ

ਖੂਨ ਸਾਡੇ ਸਰੀਰ ਦਾ ਇੱਕ ਮਹੱਤਵਪੂਰਨ ਅੰਗ ਹੈ। ਇਹ ਸਾਡੇ ਸਰੀਰ ਨੂੰ ਆਕਸੀਜਨ ਅਤੇ ਪੌਸ਼ਟਿਕ ਤੱਤਾਂ ਨੂੰ ਪਹੁੰਚਾਉਂਦਾ ਹੈ ਅਤੇ ਸਾਡੇ ਸਰੀਰ ਦੇ ਕਈ ਅੰਗਾਂ ਨੂੰ ਸਿਹਤਮੰਦ ਰੱਖਦਾ ਹੈ। ਖੂਨ ਵਿੱਚ ਕਈ ਤੱਤ ਹੁੰਦੇ ਹਨ ਜੋ ਸਾਡੇ ਸਰੀਰ ਲਈ ਜ਼ਰੂਰੀ ਹੁੰਦੇ ਹਨ, ਜਿਵੇਂ ਕਿ ਆਕਸੀਜਨ, ਗਲੂਕੋਜ਼, ਅਤੇ ਹੋਰ ਪੌਸ਼ਟਿਕ ਤੱਤ।

ਖੂਨ ਦੀ ਕਮੀ

ਖੂਨ ਦੀ ਕਮੀ ਨਾਲ ਸਰੀਰ ਦੇ ਕਈ ਅੰਗ ਪ੍ਰਭਾਵਿਤ ਹੁੰਦੇ ਹਨ। ਖੂਨ ਦੀ ਕਮੀ ਨਾਲ ਸਾਡੇ ਸਰੀਰ ਨੂੰ ਆਕਸੀਜਨ ਅਤੇ ਪੌਸ਼ਟਿਕ ਤੱਤਾਂ ਦੀ ਘਾਟ ਹੋ ਜਾਂਦੀ ਹੈ, ਜਿਸ ਨਾਲ ਸਾਡੇ ਸਰੀਰ ਦੇ ਕਈ ਅੰਗ ਠੀਕ ਤਰ੍ਹਾਂ ਨਾਲ ਕੰਮ ਨਹੀਂ ਕਰਦੇ। ਖੂਨ ਦੀ ਕਮੀ ਨਾਲ ਸਾਡੀ ਸਿਹਤ ਉੱਤੇ ਵੀ ਪ੍ਰਭਾਵ ਪੈਂਦਾ ਹੈ ਅਤੇ ਅਸੀਂ ਥੱਕਾਵਟ, ਕਮਜ਼ੋਰੀ, ਅਤੇ ਹੋਰ ਸਮੱਸਿਆਵਾਂ ਦਾ ਸਾਹਮਣਾ ਕਰ ਸਕਦੇ ਹਾਂ।

ਖੂਨ ਦਾਨ

ਖੂਨ ਦਾਨ ਇੱਕ ਮਹੱਤਵਪੂਰਨ ਕੰਮ ਹੈ। ਖੂਨ ਦਾਨ ਨਾਲ ਅਸੀਂ ਹੋਰਨਾਂ ਦੀ ਜਾਨ ਬਚਾ ਸਕਦੇ ਹਾਂ ਅਤੇ ਉਹਨਾਂ ਨੂੰ ਸਿਹਤਮੰਦ ਰੱਖ ਸਕਦੇ ਹਾਂ। ਖੂਨ ਦਾਨ ਨਾਲ ਅਸੀਂ ਆਪਣੇ ਸਮਾਜ ਵਿੱਚ ਸਹਾਇਤਾ ਕਰ ਸਕਦੇ ਹਾਂ ਅਤੇ ਹੋਰਨਾਂ ਦੀ ਮਦਦ ਕਰ ਸਕਦੇ ਹਾਂ। ਖੂਨ ਦਾਨ ਇੱਕ ਨੇਕ ਕੰਮ ਹੈ ਅਤੇ ਅਸੀਂ ਸਾਰੇ ਲੋਕਾਂ ਨੂੰ ਖੂਨ ਦਾਨ ਕਰਨ ਲਈ ਪ੍ਰੋਤਸਾਹਿਤ ਕਰਨਾ ਚਾਹੀਦਾ ਹੈ।

ਨਿਸ਼ਕਰਸ਼

ਖੂਨ ਸਾਡੇ ਸਰੀਰ ਦਾ ਇੱਕ ਮਹੱਤਵਪੂਰਨ ਅੰਗ ਹੈ। ਇਹ ਸਾਡੇ ਸਰੀਰ ਨੂੰ ਆਕਸੀਜਨ ਅਤੇ ਪੌਸ਼ਟਿਕ ਤੱਤਾਂ ਨੂੰ ਪਹੁੰਚਾਉਂਦਾ ਹੈ ਅਤੇ ਸਾਡੇ ਸਰੀਰ ਦੇ ਕਈ ਅੰਗਾਂ ਨੂੰ ਸਿਹਤਮੰਦ ਰੱਖਦਾ ਹੈ। ਖੂਨ ਦੀ ਕਮੀ ਨਾਲ ਸਰੀਰ ਦੇ ਕਈ ਅੰਗ ਪ੍ਰਭਾਵਿਤ ਹੁੰਦੇ ਹਨ ਅਤੇ ਸਾਡੀ ਸਿਹਤ

ਖੂਨ ਸਾਡੇ ਸਰੀਰ ਦਾ ਇੱਕ ਮਹੱਤਵਪੂਰਨ ਅੰਗ ਹੈ। ਇਹ ਸਾਡੇ ਸਰੀਰ ਨੂੰ ਆਕਸੀਜਨ ਅਤੇ ਪੌਸ਼ਟਿਕ ਤੱਤਾਂ ਨੂੰ ਪਹੁੰਚਾਉਂਦਾ ਹੈ ਅਤੇ ਸਾਡੇ ਸਰੀਰ ਦੇ ਕਈ ਅੰਗਾਂ ਨੂੰ ਸਿਹਤਮੰਦ ਰੱਖਦਾ ਹੈ। ਖੂਨ ਦੀ ਕਮੀ ਨਾਲ ਸਰੀਰ ਦੇ ਕਈ ਅੰਗ ਪ੍ਰਭਾਵਿਤ ਹੁੰਦੇ ਹਨ ਅਤੇ ਸਾਡੀ ਸਿਹਤ ਉੱਤੇ ਵੀ ਪ੍ਰਭਾਵ ਪੈਂਦਾ ਹੈ। ਖੂਨ ਦਾਨ ਇੱਕ ਮਹੱਤਵਪੂਰਨ ਕੰਮ ਹੈ ਅਤੇ ਅਸੀਂ ਸਾਰੇ ਲੋਕਾਂ ਨੂੰ ਖੂਨ ਦਾਨ ਕਰਨ ਲਈ ਪ੍ਰੋਤਸਾਹਿਤ ਕਰਨਾ ਚਾਹੀਦਾ ਹੈ।

ਖੂਨ ਦੀ ਮਹੱਤਤਾ ਨੂੰ ਸਮਝਣ ਲਈ, ਅਸੀਂ ਇਸ ਦੀਆਂ ਕਈ ਵਿਸ਼ੇਸ਼ਤਾਵਾਂ ਨੂੰ ਜਾਣਨਾ ਚਾਹੀਦਾ ਹੈ। ਖੂਨ ਸਾਡੇ ਸਰੀਰ ਵਿੱਚ ਵਗਦਾ ਹੈ ਅਤੇ ਸਾਡੇ ਸਰੀਰ ਦੇ ਸਾਰੇ ਅੰਗਾਂ ਤੱਕ ਆਕਸੀਜਨ ਅਤੇ ਪੌਸ਼ਟਿਕ ਤੱਤਾਂ ਨੂੰ ਪਹੁੰਚਾਉਂਦਾ ਹੈ। ਇਹ ਸਾਡੇ ਸਰੀਰ ਦੇ ਕਈ ਅੰਗਾਂ ਨੂੰ ਸਿਹਤਮੰਦ ਰੱਖਦਾ ਹੈ ਅਤੇ ਸਾਡੀ ਸਿਹਤ ਨੂੰ ਠੀਕ ਰੱਖਦਾ ਹੈ।

ਖੂਨ ਦੀ ਕਮੀ ਨਾਲ ਸਰੀਰ ਦੇ ਕਈ ਅੰਗ ਪ੍ਰਭਾਵਿਤ ਹੁੰਦੇ ਹਨ। ਖੂਨ ਦੀ ਕਮੀ ਨਾਲ ਸਾਡੇ ਸਰੀਰ ਨੂੰ ਆਕਸੀਜਨ ਅਤੇ ਪੌਸ਼ਟਿਕ ਤੱਤਾਂ ਦੀ ਘਾਟ ਹੋ ਜਾਂਦੀ ਹੈ, ਜਿਸ ਨਾਲ ਸਾਡੇ ਸਰੀਰ ਦੇ ਕਈ ਅੰਗ ਠੀਕ ਤਰ੍ਹਾਂ ਨਾਲ ਕੰਮ ਨਹੀਂ ਕਰਦੇ। ਖੂਨ ਦੀ ਕਮੀ ਨਾਲ ਸਾਡੀ ਸਿਹਤ ਉੱਤੇ ਵੀ ਪ੍ਰਭਾਵ ਪੈਂਦਾ ਹੈ ਅਤੇ ਅਸੀਂ ਥੱਕਾਵਟ, ਕਮਜ਼ੋਰੀ, ਅਤੇ ਹੋਰ ਸਮੱਸਿਆਵਾਂ ਦਾ ਸਾਹਮਣਾ ਕਰ ਸਕਦੇ ਹਾਂ।

ਖੂਨ ਦਾਨ ਇੱਕ ਮਹੱਤਵਪੂਰਨ ਕੰਮ ਹੈ। ਖੂਨ ਦਾਨ ਨਾਲ ਅਸੀਂ ਹੋਰਨਾਂ ਦੀ ਜਾਨ ਬਚਾ ਸਕਦੇ ਹਾਂ ਅਤੇ ਉਹਨਾਂ ਨੂੰ ਸਿਹਤਮੰਦ ਰੱਖ ਸਕਦੇ ਹਾਂ। ਖੂਨ ਦਾਨ ਨਾਲ ਅਸੀਂ ਆਪਣੇ ਸਮਾਜ ਵਿੱਚ ਸਹਾਇਤਾ ਕਰ ਸਕਦੇ ਹਾਂ ਅਤੇ ਹੋਰਨਾਂ ਦੀ ਮਦਦ ਕਰ ਸਕਦੇ ਹਾਂ। ਖੂਨ ਦਾਨ ਇੱਕ ਨੇਕ ਕੰਮ ਹੈ ਅਤੇ ਅਸੀਂ ਸਾਰੇ ਲੋਕਾਂ ਨੂੰ ਖੂਨ ਦਾਨ ਕਰਨ ਲਈ ਪ੍ਰੋਤਸਾਹਿਤ ਕਰਨਾ ਚਾਹੀਦਾ ਹੈ।

## ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਯਾਦ 'ਚ 21 ਪਿੰਡਾਂ 'ਚ ਸਜਾਇਆ ਵਿਸ਼ਾਲ ਨਗਰ ਕੀਰਤਨ

ਵਰਲਡ ਪੰਜਾਬੀ ਟਾਈਮਜ਼ ਜਗਮੋਹਨ ਸ਼ਾਹ ਰਾਇਸਰ



ਮਹਿਲ ਕਲਾਂ,16 ਫਰਵਰੀ : ਸਿੱਖ ਇਤਿਹਾਸ ਵਿੱਚ ਅਹਿਮ ਮੁਕਾਮ ਰੱਖਦੇ 1762 ਈਸਵੀ ਦੇ ਵੱਡੇ ਘੱਲੂਘਾਰੇ 'ਚ ਅਹਿਮਦ ਸ਼ਾਹ ਅਬਦਾਲੀ ਦੀਆਂ ਫੌਜਾਂ ਨਾਲ ਲੋਹਾ ਲੈਂਦਿਆ ਸ਼ਹਾਦਤ ਦਾ ਜਾਮ ਪੀ ਗਏ 35 ਹਜ਼ਾਰ ਮਹਾਨ ਸ਼ਹੀਦ ਸਿੰਘਾਂ, ਸਿੰਘਣੀਆਂ ਅਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਇਤਿਹਾਸਕ ਗੁਰਦੁਆਰਾ ਸਿੱਧਸਰ ਕਾਲਾਮਲ੍ਹਾ ਸਾਹਿਬ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰਿਆਂ ਦੀ ਅਗਵਾਈ ਹੇਠ ਦੋ ਰੋਜ਼ਾ ਸ਼ਹੀਦੀ ਮਾਰਚ, ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਸ: ਜੱਸਾ ਸਿੰਘ ਆਹਲੂਵਾਲੀਆ ਗੁਰਮਤਿ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਦੇ ਵਿਦਿਆਰਥੀਆਂ ਦੇ ਰਾਗੀ ਜਥਿਆ ਨੇ ਕਥਾ ਕੀਰਤਨ ਦੁਆਰਾ ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਸਿਜਦਾ ਕੀਤਾ। ਹੈਡ ਗਰੰਥੀ ਭਾਈ ਜਸਵੀਰ ਸਿੰਘ ਮਾਣਕੀ ਨੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖ਼ਾਲਸਾ ਕਾਲਾਮਲ੍ਹਾ ਸਾਹਿਬ (ਮੈਂਬਰ ਸ਼੍ਰੋਮਣੀ ਕਮੇਟੀ) ਵਲੋਂ ਸ਼ੁਰੂ ਕੀਤੀ ਗਈ ਪ੍ਰੰਪਰਾ ਅਨੁਸਾਰ ਇਹ ਦੋ ਰੋਜ਼ਾ ਨਗਰ ਕੀਰਤਨ (ਸ਼ਹੀਦੀ ਮਾਰਚ) ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਪਵਿੱਤਰ ਖੂਨ ਨਾਲ ਸਿੰਜੀ ਧਰਤੀ ਇਤਿਹਾਸਕ ਗੁਰਦੁਆਰਾ ਸਾਹਿਬ ਸ਼ਹੀਦ ਗੰਜ ਰੋਹੀੜਾ ਤੋਂ ਅਰਦਾਸ ਉਪਰੰਤ ਆਰੰਭ ਹੋ ਕੇ ਇਲਾਕੇ ਦੇ 21 ਪਿੰਡਾਂ 'ਚ ਪੜਾਅ ਵਾਰ ਹੁੰਦਾ ਹੋਇਆ ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਇਤਿਹਾਸਕ ਧਰਤੀ ਕੁਤਬਾ, ਬਾਹਮਣੀਆ ਹੁੰਦਾ ਹੋਇਆ ਘੱਲੂਘਾਰੇ ਦੇ ਇਤਿਹਾਸ ਨਾਲ ਸਬੰਧਿਤ ਪਿੰਡ ਗਹਿਲ ਦੇ ਗੁਰਦੁਆਰਾ ਸਾਹਿਬ ਭਾਈ ਭਗਤੂਆਣਾ ਵਿਖੇ ਪਹੁੰਚ ਕੇ ਸਮਾਪਤ ਹੋਇਆ। ਵੱਖ ਵੱਖ ਥਾਵਾਂ ਉਪਰ ਸ਼ਰਧਾਲੂ ਸੰਗਤਾਂ ਨੇ ਪੂਰੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸ਼ਾਮਲ ਸੰਗਤਾਂ ਲਈ ਵੱਖ ਵੱਖ ਪ੍ਰਕਾਰ ਦੇ ਅਟੁੱਟ ਲੰਗਰ ਵਰਤਾਏ ਗਏ। ਕਮੇਟੀ ਪ੍ਰਧਾਨ ਕੁਲਵੰਤ ਸਿੰਘ ਸੂਮ, ਸਰਪੰਚ ਗੁਰਦੀਪ ਸਿੰਘ ਛਾਪਾ, ਅਵਤਾਰ ਸਿੰਘ ਅਣਖੀ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆ ਕਿਹਾ ਇਸ ਸ਼ਹੀਦੀ ਮਾਰਚ, ਨਗਰ ਕੀਰਤਨ ਦਾ ਮੁੱਖ ਮਨੋਰਥ ਨਵੀਂ ਪਨੀਰੀ, ਨੌਜਵਾਨ ਵਰਗ ਨੂੰ ਵੱਡੀ ਕੁਰਬਾਨੀ ਦੇ ਮਾਲਕ ਵੱਡੇ ਘੱਲੂਘਾਰੇ ਦੇ ਮਹਾਨ ਸੂਰਬੀਰ ਜੋਧਿਆਂ ਦੀ ਲਾਸਾਨੀ ਸ਼ਹਾਦਤ ਬਾਰੇ ਜਾਣੂ ਕਰਵਾ ਕੇ ਗੁਰਸਿੱਖੀ ਨਾਲ ਜੋੜਣਾ ਹੈ। ਉਨ੍ਹਾਂ ਗੁਰਦੁਆਰਾ ਸਿੱਧਸਰ ਕਾਲਾਮਾਲਾ ਸਾਹਿਬ ਛਾਪਾ ਵਿਖੇ 18 ਫਰਵਰੀ ਨੂੰ ਹੋ ਰਹੇ ਸਾਲਾਨਾ ਇਕੋਤਰੀ ਸਮਾਗਮਾਂ 'ਚ ਪਰਿਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਸ਼ਹੀਦੀ ਮਾਰਚ

ਨਗਰ ਕੀਰਤਨ ਦੇ ਮਹਿਲ ਕਲਾਂ ਮੁੱਖ ਮਾਰਗ ਉਪਰ ਪਹੁੰਚਣ 'ਤੇ ਸਮੂਹ ਦੁਕਾਨਦਾਰ ਭਾਈਚਾਰੇ, ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ ਭਰਵਾਂ ਸੁਆਗਤ ਕੀਤਾ ਗਿਆ। ਇੰਜੀਨੀਅਰ ਜਗਦੀਪ ਸਿੰਘ ਆਸਟ੍ਰੇਲੀਆ ਦੇ ਉੱਦਮ ਸਦਕਾ ਬਲਵਿੰਦਰ ਸਿੰਘ ਵਜੀਦਕੇ, ਗੁਰਪ੍ਰੀਤ ਸਿੰਘ ਅਣਖੀ, ਗੁਰਿੰਦਰ ਸਿੰਘ ਰਾਜਾ ਦੀ ਅਗਵਾਈ ਹੇਠ ਪੰਜ ਪਿਆਰਿਆਂ, ਰਾਗੀ ਜਥਿਆਂ, ਸਮੂਹ ਪ੍ਰਬੰਧਕਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਿੰਕਾ ਕੁਤਬਾ ਬਾਹਮਣੀਆ, ਬਾਬਾ ਸ਼ੇਰ ਸਿੰਘ ਖ਼ਾਲਸਾ, ਵਿਦਿਆਲਾ ਇੰਚਾਰਜ ਭਾਈ ਗੁਰਜੰਟ ਸਿੰਘ ਛੀਨੀਵਾਲ, ਭਾਈ ਬਲਵੰਤ ਸਿੰਘ ਮਹੇਰਨਾ, ਪ੍ਰਧਾਨ ਜਗਤਾਰ ਸਿੰਘ ਜੌਹਲ, ਬਲਜੀਤ ਸਿੰਘ ਪੰਡੋਰੀ, ਕਰਮਜੀਤ ਸਿੰਘ ਕਰਮਾ, ਬਾਬਾ ਗੁਰਦੀਪ ਸਿੰਘ ਕਾਰ ਸੇਵਾ, ਭੋਲਾ ਸਿੰਘ ਭੱਠਲ, ਖਜ਼ਾਨਚੀ ਬਲਵੀਰ ਸਿੰਘ, ਸੁਖਵਿੰਦਰ ਸਿੰਘ, ਗੁਰਮੇਲ ਸਿੰਘ ਨਾਮਧਾਰੀ, ਜਗਜੀਤ ਸਿੰਘ, ਸ਼ਿੰਗਾਰਾ ਸਿੰਘ, ਭੋਲਾ ਸਿੰਘ ਫੌਜੀ, ਜਰਨੈਲ ਸਿੰਘ, ਬੁੱਗਰ ਸਿੰਘ, ਸੁਖਦੇਵ ਸਿੰਘ ਸੈਕਟਰੀ, ਹਰਜੰਟ ਸਿੰਘ ਫੌਜੀ, ਰਾਜਵਿੰਦਰ ਸਿੰਘ ਬਦੇਸ਼ੇ, ਬਲਦੇਵ ਸਿੰਘ ਚੁਹਾਣਕੇ, ਸੁਦਾਗਰ ਸਿੰਘ ਚਹਿਲ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਰਧਾਲੂ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਫਾਈ ਸੇਵਾ ਕਲੱਬ ਛਾਪਾ ਦੇ ਸੇਵਾਦਾਰ ਨੌਜਵਾਨਾਂ ਨੇ ਸੇਵਾ ਭਾਵਨਾ ਨਾਲ ਜਿੰਮੇਵਾਰੀ ਨਿਭਾਈ।

## ਸਰਕਾਰਾਂ ਹੀ ਵਿਕਾਉਂਦੀਆਂ ਨੇ ਚਿੱਟਾ...

ਵਰਲਡ ਪੰਜਾਬੀ ਟਾਈਮਜ਼ ਰਣਜੀਤ ਸਿੰਘ ਦਮਦਮੀ ਟਕਸਾਲ




ਹਿੰਦੁਸਤਾਨ ਦੇ ਹਿੰਦੁਤਵੀ ਹੁਕਮਰਾਨ ਨਸ਼ਿਆਂ ਰਾਹੀਂ ਸਿੱਖ ਕੌਮ ਦੀ ਨਸਲਕੁਸ਼ੀ ਕਰ ਰਹੇ ਹਨ। ਪੰਜਾਬ ਦੀ ਅਣਖੀਲੀ ਨੌਜਵਾਨੀ ਨੂੰ ਬਰਬਾਦ ਕਰਨ ਲਈ ਹਕੂਮਤ ਨਸ਼ਿਆਂ ਨੂੰ ਹਥਿਆਰ ਦੇ ਤੌਰ 'ਤੇ ਵਰਤ ਰਹੀ ਹੈ। ਸਰਕਾਰ ਨੇ ਪਹਿਲਾਂ ਸਿੱਖ ਕੌਮ ਦੇ ਯੋਧਿਆਂ ਨੂੰ ਟੈਂਕਾਂ-ਤੋਪਾਂ ਤੇ ਹੋਰ ਮਾਰੂ ਹਥਿਆਰਾਂ ਨਾਲ ਮਾਰਿਆ, ਫਿਰ ਇੱਕ ਦਹਾਕਾ ਸਿੱਖ ਨੌਜਵਾਨੀ ਨੂੰ ਝੂਠੇ ਪੁਲਿਸ ਮੁਕਾਬਲਿਆਂ 'ਚ ਮਾਰਿਆ ਤੇ ਅਜੋਕੇ ਸਮੇਂ 'ਚ ਨੌਜਵਾਨਾਂ ਨੂੰ ਬੜੇ ਸਾਜਿਸ਼ੀ ਢੰਗ ਨਾਲ ਨਸ਼ਿਆਂ ਦੇ ਜ਼ਹਿਰੀਲੇ ਪਿਆਲੇ, ਟੀਕੇ-ਸਰਿੰਜਾਂ ਤੇ ਸਮੈਕ-ਚਿੱਟੇ ਦੀ ਭੈੜੀ ਜਿਲਤ 'ਚ ਫਸਾ ਕੇ ਮਾਰਿਆ ਜਾ ਰਿਹਾ ਹੈ। ਜਦ ਪੰਜਾਬ ਦੀ ਧਰਤੀ 'ਤੇ ਹਥਿਆਰਬੰਦ ਸੰਘਰਸ਼ ਸਿਖਰਾਂ 'ਤੇ ਸੀ, ਉਸ ਸਮੇਂ ਜੁਝਾਰੂ ਸਿੰਘਾਂ ਨੇ ਪੰਜਾਬ 'ਚ ਭੌਰਾ ਵੀ ਨਸ਼ਾ ਨਹੀਂ ਸੀ ਵਿਕਣ ਦਿੱਤਾ ਤੇ ਨਸ਼ਿਆਂ ਦੇ ਸੌਦਾਗਰਾਂ ਨੂੰ ਚੁਣ-ਚੁਣ ਕੇ ਗੱਡੀ ਚਾੜ੍ਹਿਆ ਸੀ ਤੇ ਪੰਜਾਬ ਦੀ ਜਵਾਨੀ ਅਤੇ ਕਿਸਾਨੀ ਨੂੰ ਖੁਸ਼ਹਾਲ ਬਣਾਉਣ ਲਈ ਸਿੰਘਾਂ-ਸੂਰਮਿਆਂ ਨੇ ਅਜ਼ਾਦੀ ਦਾ ਬਿਗਲ ਵਜਾ ਕੇ ਤੇ ਜੂਝਦਿਆਂ ਹੋਇਆ ਸ਼ਹਾਦਤਾਂ ਪ੍ਰਾਪਤ ਕਰ ਕੇ ਸੁਨਹਿਰੀ ਇਤਿਹਾਸ ਸਿਰਜਿਆ ਸੀ। ਪਰ ਅੱਜ ਜੁਝਾਰੂਆਂ ਦੇ ਵਾਰਸਾਂ ਦੇ ਹੱਥਾਂ 'ਚ ਬੰਦੂਕਾਂ ਜਾਂ ਕਲਮਾਂ ਨਹੀਂ ਸਗੋਂ ਨਸ਼ੇ ਦੇ ਟੀਕੇ, ਕੈਪਸੂਲ, ਚਿੱਟਾ ਤੇ ਹੋਰ ਨੁਕਸਾਨਦਾਇਕ ਨਸ਼ੀਲੀਆਂ ਵਸਤੂਆਂ ਹਨ। ਨਸ਼ਿਆਂ ਦੀ ਲਪੇਟ 'ਚ ਆ ਕੇ ਪੰਜਾਬ ਦੇ ਗੱਭਰੂ ਨਿਪੁੰਸਕਤਾ ਦਾ ਸ਼ਿਕਾਰ ਹੋ ਚੁੱਕੇ ਹਨ। ਨਸ਼ਿਆਂ ਕਾਰਨ ਐਸ਼-ਪ੍ਰਸਤੀ ਅਤੇ ਬਲਾਤਕਾਰ ਦੀਆਂ ਘਟਨਾਵਾਂ ਵੱਧ ਰਹੀਆਂ ਹਨ ਅਤੇ ਨਸ਼ੇ ਦੀ ਪੂਰਤੀ ਕਰਨ ਲਈ ਨਸ਼ੱਈਆਂ ਵਲੋਂ ਲੁੱਟਾਂ-ਖੋਹਾਂ ਜ਼ੋਰਾਂ ਤੇ ਹੋ ਰਹੀਆਂ ਹਨ। ਹਰ ਪਿੰਡ-ਸ਼ਹਿਰ ਦੇ ਗਲੀ-ਮੁਹੱਲੇ ਅਤੇ ਕਾਲਜਾਂ ਤੇ ਯੂਨੀਵਰਸਿਟੀਆਂ ਦੇ ਨੌਜਵਾਨ ਨਸ਼ਿਆਂ 'ਚ ਡੁੱਬ ਕੇ ਹੀਰੇ ਵਰਗਾ ਮਨੁੱਖਾ ਜੀਵਨ ਤਬਾਹ ਕਰ ਰਹੇ ਹਨ। ਨਸ਼ੇ 'ਚ ਟੁੰਨ ਹੋਏ ਨੌਜਵਾਨ ਖੇਤਾਂ-ਨਾਲ਼ੀਆਂ 'ਚ ਡਿੱਗੇ ਨਜ਼ਰ ਆਉਂਦੇ ਹਨ। ਇੰਝ ਲੱਗਦਾ ਜਿਵੇਂ ਹੱਸਦਾ-ਵੱਸਦਾ ਪੰਜਾਬ ਸ਼ਮਸ਼ਾਨ ਘਾਟ ਬਣ ਗਿਆ ਹੋਵੇ। ਬਜ਼ੁਰਗ ਮਾਪਿਆਂ ਦੀ ਪੁੱਤ ਡੰਗੋਰੀ ਬਣਦੇ ਹਨ ਪਰ ਹੁਣ ਤਾਂ ਆਏ ਦਿਨ ਮਾਪੇ ਆਪਣੇ ਮੋਢਿਆਂ 'ਤੇ ਜਵਾਨ ਪੁੱਤਾਂ ਦੀਆਂ ਲਾਸ਼ਾਂ ਢੋਅ ਰਹੇ ਹਨ। ਮਾਂਵਾਂ ਦੇ ਕੀਰਨੇ ਤੇ ਭੈਣਾਂ ਦੇ ਵੈਣ ਸੁਣੇ ਨਹੀਂ ਜਾਂਦੇ। ਨਸ਼ੀਲੀਆਂ ਗੋਲ਼ੀਆਂ ਅਸਾਨੀ ਨਾਲ ਮਿਲ਼ ਜਾਂਦੀਆਂ ਹਨ, ਚਿੱਟੇ ਦੀ ਵਿਕਰੀ ਧੜੱਲੇ ਨਾਲ ਹੋ ਰਹੀ ਹੈ ਤਾਂਹੀਂ ਤਾਂ ਧੜਾ-ਧੜ ਮੌਤਾਂ ਹੋ ਰਹੀਆਂ ਹਨ। ਅਖ਼ਬਾਰਾਂ ਦੀਆਂ ਸੁਰਖੀਆਂ ਪੜ੍ਹ ਕੇ ਤਾਂ ਕਈ ਵਾਰ ਸ਼ਰਮ ਆਉਂਦੀ ਹੈ ਕਿ ਮਨ੍ਹਾਂ ਇਹ ਓਹੀ ਪੰਜਾਬ ਹੈ ਜਿਸ ਬਾਰੇ ਕਿਹਾ ਜਾਂਦਾ ਹੈ ਕਿ ਪੰਜਾਬ ਦੀ ਧਰਤੀ ਗੁਰੂਆਂ, ਸੂਰਬੀਰਾਂ ਤੇ ਸ਼ਹੀਦਾਂ ਦੀ ਧਰਤੀ ਹੈ। ਇੱਕ ਪਾਸੇ ਦੇਸ ਪੰਜਾਬ ਦੀ ਧਰਤੀ ਬੰਜਰ ਹੋਣ 'ਤੇ ਰਾਹ ਤੇ ਹੈ ਤੇ ਦੂਜਾ ਇੱਥੇ ਨਸ਼ਿਆਂ ਦਾ ਗੰਦਾ ਨਾਲ਼ਾ ਨੱਕੋ-ਨੱਕ ਭਰਿਆ ਪਿਆ ਹੈ। ਪੰਜਾਬ 'ਚ ਨਸ਼ਾ ਰੋਕਣ ਲਈ ਸਰਕਾਰ ਨੇ ਕੋਈ ਠੋਸ ਕਦਮ ਨਹੀਂ ਚੁੱਕਣਾ ਤੇ ਨਾ ਹੀ ਸਰਕਾਰ ਪਾਸੋਂ ਸਾਨੂੰ ਕੋਈ ਆਸ ਕਰਨੀ ਚਾਹੀਦੀ ਹੈ। ਭਗਵੰਤ ਮਾਨ ਸਰਕਾਰ ਦੀ ਇਹ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸਿਰਫ ਇੱਕ ਡਰਾਮਾ ਹੈ। ਜੇ ਸਰਕਾਰ ਨੇ ਨਸ਼ਿਆਂ ਵਿਰੁੱਧ ਸਖ਼ਤੀ ਕੀਤੀ ਹੈ ਤਾਂ ਦੱਸੋ ਫਿਰ ਇਹ ਨਸ਼ਾ ਕਿੱਥੋਂ ਆਈ ਜਾ ਰਿਹਾ ਹੈ ? ਪ੍ਰਸਿੱਧ ਗਾਇਕ ਰਣਜੀਤ ਬਾਵਾ ਨੇ ਭਗਵੰਤ ਮਾਨ ਦੇ ਸਾਹਮਣੇ ਸੱਚ ਹੀ ਕਿਹਾ ਸੀ ਕਿ "ਸਰਕਾਰਾਂ ਹੀ ਵਿਕਾਉਂਦੀਆਂ ਨੇ ਚਿੱਟਾ, ਤਾਂਹੀ ਤਾਂ ਸ਼ਰੇਆਮ ਵਿਕਦਾ।" ਸ਼ਰਾਬ ਦੇ ਅਹਾਤੇ ਤੇ ਠੇਕੇ ਵੀ ਸਰਕਾਰੀ ਤੌਰ ਉੱਤੇ ਖੁੱਲ੍ਹੇ ਹੋਏ ਹਨ, ਹਰ ਪਿੰਡ ਅਤੇ ਸ਼ਹਿਰ ਵਿੱਚ ਸ਼ਰਾਬ ਵਿਕ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਉੱਤੇ ਵੀ ਅਕਸਰ ਦੋਸ਼ ਲੱਗਦੇ ਹਨ ਕਿ ਉਹ ਸ਼ਰਾਬ ਪੀਂਦਾ ਹੈ। ਸਰਕਾਰ ਦੱਸੇ ਕਿ ਕੀ ਸ਼ਰਾਬ ਨਸ਼ਿਆਂ ਦੇ ਵਿੱਚ ਨਹੀਂ ਆਉਂਦੀ ? ਜਦ ਕਿ ਅਕਸਰ ਹੀ ਖ਼ਬਰਾਂ ਛਪਦੀਆਂ ਰਹਿੰਦੀਆਂ ਹਨ ਕਿ ਸ਼ਰਾਬ ਪੀ ਕੇ ਐਨੇ ਬੰਦੇ ਮਰ ਗਏ। ਸ਼ਰਾਬ ਨਾਲ ਕਈ ਪੁਲਸੀਏ ਅਤੇ ਸਿਆਸੀ ਆਗੂ ਵੀ ਅਕਸਰ ਹੀ ਟੁੰਨ ਹੋਏ ਰਹਿੰਦੇ ਹਨ। ਸਿੱਖ ਧਰਮ ਵਿੱਚ ਸ਼ਰਾਬ ਪੀਣੀ ਵਰਜਿਤ ਹੈ ਤੇ ਇਸ ਨੂੰ ਕੁਰਹਿਤ ਵਿੱਚ ਮੰਨਿਆ ਜਾਂਦਾ ਹੈ। ਵੱਖ-ਵੱਖ ਪਾਰਟੀਆਂ ਦੇ ਕਈ ਸਿਆਸੀ ਆਗੂਆਂ, ਅਖੌਤੀ ਅਕਾਲੀਆਂ, ਪੁਲਿਸ ਅਫ਼ਸਰਾਂ ਤੇ ਸ਼ਿਵ ਸੈਨਿਕਾਂ ਉੱਤੇ ਨਸ਼ਾ ਵਿਕਾਉਣ ਦੇ ਕੇਸ ਚੱਲ ਰਹੇ ਹਨ। ਇਹ ਤਲਖ਼ ਹਕੀਕਤ ਹੈ ਕਿ ਨਸ਼ਿਆਂ ਲਈ ਸਰਕਾਰਾਂ ਹੀ ਜ਼ਿੰਮੇਵਾਰ ਹਨ ਤੇ ਦਿੱਲੀ ਅਤੇ ਚੰਡੀਗੜ੍ਹ ਦੀਆਂ ਕੁਰਸੀਆਂ ਤੇ ਬੈਠੇ ਸਿਆਸਤਦਾਨ ਸਭ ਆਪਣੀਆਂ ਰੋਟੀਆਂ ਸੇਕ ਰਹੇ ਹਨ, ਇਨ੍ਹਾਂ ਦੀਆਂ ਜ਼ਮੀਰਾਂ ਮਰੀਆਂ ਹੋਈਆਂ ਹਨ। ਨੌਜਵਾਨੀ ਚਾਹੇ ਨਸ਼ਿਆਂ ਨਾਲ ਮਰੇ ਜਾਂ ਕਿਸਾਨੀ ਫਾਹਾ ਲੈ ਕੇ ਮਰੇ ਇਨ੍ਹਾਂ ਉੱਤੇ ਕੋਈ ਅਸਰ ਨਹੀਂ। ਨਸ਼ਿਆਂ ਦੇ ਤਸਕਰ, ਵਪਾਰੀ, ਦੈਂਤ ਸਰਕਾਰੀ ਸਰਪ੍ਰਸਤੀ ਹੇਠ ਸ਼ਰੇਆਮ ਘੁੰਮਦੇ-ਫਿਰਦੇ ਹਨ ਤੇ ਪੰਜਾਬ 'ਚ ਨਸ਼ਿਆਂ ਦਾ ਅੱਤਵਾਦ ਹਰ ਘਰ ਤਕ ਫੈਲ ਚੁੱਕਾ ਹੈ ਤੇ ਸਾਡੇ ਨੌਜਵਾਨਾਂ ਨੂੰ ਘਾਤਕ ਤਰੀਕੇ ਨਾਲ ਤੜਫਾ-ਤੜਫਾ ਕੇ ਮਾਰ ਰਿਹਾ ਹੈ। ਲੰਡੂ ਕਿਸਮ ਦੇ ਫੂਕਰੇ ਗਾਇਕ ਗੀਤਾਂ ਰਾਹੀਂ ਨੌਜਵਾਨਾਂ ਨੂੰ ਨਸ਼ੇ ਕਰਨ ਲਈ ਉਤਸ਼ਾਹਿਤ ਕਰ ਰਹੇ ਹਨ ਤੇ ਹਜਾਰਾਂ ਨੌਜਵਾਨ ਬੇਰੁਜਗਾਰੀ ਦੇ ਫ਼ਿਕਰ ਨਾਲ ਨਸ਼ਿਆਂ ਦੇ ਹੜ੍ਹ 'ਚ ਗੋਤੇ ਖਾ ਰਹੇ ਹਨ। ਸਚਮੁੱਚ, ਪੰਜਾਬ ਦੀ ਨੌਜਵਾਨੀ ਦੇ ਭਵਿੱਖ 'ਤੇ ਖਤਰਾ ਮੰਡਰਾ ਰਿਹਾ ਹੈ। ਆਸ ਦੀ ਕਿਰਨ ਕਿੱਧਰੇ ਨਜ਼ਰੀਂ ਨਹੀਂ ਪੈਂਦੀ। ਸਿੱਖ ਨੌਜਵਾਨੋ! ਸਾਨੂੰ ਆਪਣੀ ਜਿੰਮੇਵਾਰੀ ਸਮਝਦੇ ਹੋਏ ਆਪ ਹੀ ਮੈਦਾਨ 'ਚ ਨਿੱਤਰਨਾ ਪਵੇਗਾ। ਆਓ, ਨਸ਼ਿਆਂ ਦੇ ਕੁਰਾਹੇ ਪਈ ਨੌਜਵਾਨੀ ਨੂੰ ਇਸ ਦਲਦਲ ਚੋਂ ਕੱਢਣ ਲਈ ਆਪਾਂ ਜਥੇਬੰਦਕ ਹੋ ਕੇ ਲਾਮਬੰਦ ਹੋਈਏ ਤੇ ਨਸ਼ਿਆਂ 'ਚ ਗਲਤਾਨ ਹੋਏ ਨੌਜਵਾਨਾਂ ਤਕ ਸੁਹਿਰਦ ਅਤੇ ਸਾਰਥਿਕ ਪਹੁੰਚ ਕਰ ਕੇ ਉਨ੍ਹਾਂ ਨੂੰ ਪਿਆਰ ਨਾਲ ਗਲੇ ਲਗਾਈਏ ਤੇ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਮੁਕਾਈਏ। ਗੁਰਮਤਿ ਦਾ ਰਾਹ ਅਪਣਾਈਏ ਤੇ ਸਿੱਖ ਕੌਮ ਨੂੰ ਹੋਰ ਮਜਬੂਤ ਬਣਾਈਏ। ਨਾਮ-ਬਾਣੀ ਦੇ ਸਰੂਰ ਨਾਲ ਚੜ੍ਹਦੀ ਕਲਾ ਵੱਲ ਨੂੰ ਕਦਮ ਵਧਾਈਏ ਤੇ ਕੌਮ ਦੀ ਅਜ਼ਾਦੀ ਲਈ ਸੰਘਰਸ਼ੀ ਯੋਧੇ ਬਣ ਜਾਈਏ।